## ਪੰਜਾਬ ਵਿਧਾਨ ਸਭਾ ਸਕੱਤਰੇਤ

ਵੀਰਵਾਰ, ਮਿਤੀ 22 ਜੂਨ, 2017 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।

### ਘਨੌਰ ਹਲਕੇ ਵਿਚ ਪੈਂਦੇ ਸੂਏ ਸਾਫ ਕਰਨਾ

*106. **ਸ਼੍ਰੀ ਮਦਨ ਲਾਲ ਜਲਾਲਪੁਰ, ਐਮ.ਐਲ.ਏ.**:- ਕੀ ਸਿੰਜਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਘਨੌਰ ਹਲਕੇ ਵਿਚ ਪੈਂਦੇ ਸੂਏ ਅਤੇ ਖਾਲੇ ਪਿਛਲੀ ਵਾਰ ਕਦੋਂ ਸਾਫ ਕਰਵਾਏ ਗਏ ਅਤੇ ਇਨ੍ਹਾਂ ਤੇ ਕਿੰਨਾਂ ਖਰਚਾ ਆਇਆ ਅਤੇ ਕੀ ਚਾਲੂ ਵਿੱਤੀ ਸਾਲ ਦੌਰਾਨ ਇਨ੍ਹਾਂ ਦੀ ਮੁੜ ਸਫਾਈ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ?

### ਹਲਕਾ ਸ਼ਾਹਕੋਟ ਦੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ

*171. **ਸਰਦਾਰ ਅਜੀਤ ਸਿੰਘ ਕੋਹਾੜ, ਐਮ.ਐਲ.ਏ.**:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਜ਼ਿਲ੍ਹਾ ਜਲੰਧਰ ਵਿਚ ਪੈਂਦੇ ਹਲਕਾ ਸ਼ਾਹਕੋਟ ਵਿੱਚ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਵੱਖ-ਵੱਖ ਸ਼੍ਰੇਣੀਆਂ ਦੇ ਅਧਿਆਪਕਾਂ ਦੀਆਂ ਖਾਲੀ ਪਈਆਂ ਅਸਾਮੀਆ ਨੂੰ ਕਦੋਂ ਤੱਕ ਭਰੇ ਜਾਣ ਦੀ ਸੰਭਾਵਨਾ ਹੈ?

### ਮੋਹਾਲੀ ਤੋਂ ਲਾਂਡਰਾਂ/ਲਾਂਡਰਾਂ ਤੋਂ ਖੰਡਰਜੋਨ ਰੇਲਵੇਂ ਬ੍ਰਿਜ ਤੱਕ ਸੜਕ ਨੂੰ ਚੌੜਾ ਕਰਨਾ

*183. **ਸਰਦਾਰ ਬਲਬੀਰ ਸਿੰਘ ਸਿੱਧੂ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਟ੍ਰੈਫਿਕ ਦੀ ਸਮੱਸਿਆ ਨੂੰ ਦੇਖਦੇ ਹੋਏ ਮੋਹਾਲੀ ਤੋਂ ਲਾਂਡਰਾਂ, ਲਾਂਡਰਾਂ ਤੋਂ ਖੰਡਰਜੋਨ ਰੇਲਵੇ ਬ੍ਰਿਜ ਤੱਕ ਸੜਕ ਨੂੰ ਚੋੜਾ ਕਰਨ, ਬਾਈਪਾਸ ਜਾਂ ਫਲਾਈਓਵਰ ਬਣਾਉਣ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਨੂੰ ਕਦੋਂ ਤੱਕ ਅਮਲੀ ਰੂਪ ਦਿੱਤੇ ਜਾਣ ਦੀ ਸੰਭਾਵਨਾ ਹੈ?

### ਖੇਡ ਕਿੱਟਾਂ ਵੰਡਣਾ

*263. **ਸ਼੍ਰੀ ਰਜਿੰਦਰ ਬੇਰੀ, ਐਮ.ਐਲ.ਏ.**:- ਕੀ ਮੁੱਖ ਮੰਤਰੀ ਕ੍ਰਿਪਾ ਕਰਕੇ ਦੱਸਣਗੇ ਕਿ:-

**ੳ)** ਪਿਛਲੀ ਸਰਕਾਰ ਸਮੇਂ ਜੋ ਖੇਡ ਕਿੱਟਾਂ ਵੰਡੀਆਂ ਗਈਆਂ ਸਨ, ਉਨ੍ਹਾਂ ਨੂੰ ਵੰਡਣ ਦਾ ਕੀ ਅਧਾਰ ਬਣਾਇਆ ਗਿਆ ਸੀ ਅਤੇ ਇਹ ਖੇਡ ਕਿੱਟਾਂ ਵੰਡਣ ਲਈ ਕਿਸ-ਕਿਸ ਅਫ਼ਸਰ/ਰਾਜਨੀਤਿਕ ਜਾਂ ਪ੍ਰਾਈਵੇਟ ਆਦਮੀਆਂ ਨੂੰ ਅਖਤਿਆਰ ਦਿੱਤੇ ਗਏ ਸਨ;

**ਅ)** ਜਲੰਧਰ ਕੇਂਦਰੀ ਵਿਧਾਨ ਸਭਾ ਹਲਕੇ ਵਿਚ ਕਿਹੜੇ-ਕਿਹੜੇ ਵਿਅਕਤੀਆਂ ਜਾਂ ਕੱਲਬਾਂ ਨੂੰ ਇਹ ਖੇਡ ਕਿੱਟਾਂ ਵੰਡੀਆਂ ਗਈਆਂ ਸਨ;

**ੲ)** ਇਨ੍ਹਾਂ ਖੇਡ ਕਿੱਟਾਂ ਨੂੰ ਵੰਡਣ ਵਿਚ ਜੋ ਬੇਨਿਯਮੀਆਂ ਜਾਂ ਘਪਲੇ-ਬਾਜ਼ੀਆਂ ਹੋਈਆਂ ਹਨ ਦੀ ਸਰਕਾਰ ਵਲੋਂ ਜਾਂਚ ਕਰਵਾਉਣ ਦਾ ਕੋਈ ਪ੍ਰਸਤਾਵ ਹੈ; ਜੇਕਰ ਨਹੀਂ ਤਾਂ ਕਿਉਂ?

### ਰਾਜ ਦੇ ਸਰਕਾਰੀ ਅਤੇ ਪ੍ਰਾਈਵੇਟ ਕਾਲਜ਼ਾਂ ਵਿਚ ਐਮ.ਬੀ.ਬੀ.ਐਸ./ਬੀ.ਡੀ.ਐਸ./ਐਮ.ਐਸ./ਐਮ.ਡੀ. ਦੀਆਂ ਸੀਟਾਂ ਵਿਚ ਵਾਧਾ ਕਰਨਾ

*218. **ਪ੍ਰੋਫੈਸਰ ਬਲਜਿੰਦਰ ਕੌਰ, ਐਮ.ਐਲ.ਏ.**:- ਕੀ ਡਾਕਟਰੀ ਸਿੱਖਿਆ ਤੇ ਖੋਜ਼ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਰਾਜ ਵਿੱਚ ਇਸ ਸਮੇਂ ਵੱਖ-ਵੱਖ ਸਰਕਾਰੀ ਅਤੇ ਪ੍ਰਾਈਵੇਟ ਮੈਡੀਕਲ ਕਾਲਜਾਂ ਵਿਚ ਕਿੰਨੀਆਂ-ਕਿੰਨੀਆਂ ਐਮ.ਬੀ.ਬੀ.ਐਸ./ਬੀ.ਡੀ.ਐਸ./ ਐਮ.ਐਸ./ ਐਮ.ਡੀ ਦੀਆਂ ਸੀਟਾਂ ਹਨ;

**ਅ)** ਸਾਲ 2007 ਤੋਂ ਮਿਤੀ ਅੰਤ ਤੱਕ ਕਿਹੜੇ-ਕਿਹੜੇ ਸਰਕਾਰੀ ਅਤੇ ਪ੍ਰਾਈਵੇਟ ਕਾਲਜ ਦੀਆਂ ਸੀਟਾਂ ਵਿੱਚ ਕਿੰਨਾਂ ਵਾਧਾ ਕੀਤਾ ਗਿਆ ਹੈ?

### ਨਕੋਦਰ ਸ਼ਹਿਰ ਵਿਚ ਸੀਵਰੇਜ਼ ਦਾ ਕੰਮ ਪੂਰਾ ਕਰਨਾ

*246. **ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਐਮ.ਐਲ.ਏ.**:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਨਕੋਦਰ ਸ਼ਹਿਰ ਦੇ ਸੀਵਰੇਜ਼ ਪ੍ਰੋਜੈਕਟ ਦੇ ਬਾਕੀ ਰਹਿੰਦੇ ਕੰਮ ਲਈ ਫੰਡ ਕਦੋਂ ਤੱਕ ਰਿਲੀਜ਼ ਕਰ ਦਿੱਤੇ ਜਾਣਗੇ ਅਤੇ ਇਸ ਪ੍ਰੋਜੈਕਟ ਦਾ ਬਾਕੀ ਰਹਿੰਦਾ ਕੰਮ ਕਦੋਂ ਤੱਕ ਪੂਰਾ ਹੋ ਜਾਵੇਗਾ?

### ਪੰਜਾਬ ਯੂਨੀਵਰਸਿਟੀ ਨੂੰ ਜਾਰੀ ਕੀਤੀ ਗਈ ਗ੍ਰਾਂਟ

*334. **ਸਰਦਾਰ ਸੰਗਤ ਸਿੰਘ ਗਿਲਜ਼ੀਆਂ, ਐਮ.ਐਲ.ਏ.**:- ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਪਿਛਲੇ ਪੰਜ ਵਿੱਤੀ-ਸਾਲਾਂ ਦੇ ਸਮੇਂ ਦੌਰਾਨ ਸਰਕਾਰ ਦੁਆਰਾ ਪੰਜਾਬ ਯੂਨੀਵਰਸਿਟੀ ਨੂੰ ਕੁੱਲ ਕਿੰਨੀ ਗ੍ਰਾਂਟ ਜਾਰੀ ਕੀਤੀ ਗਈ;

**ਅ)** ਪੰਜਾਬ ਯੂਨੀਵਰਸਿਟੀ ਨੂੰ ਮੌਜੂਦਾ ਵਿੱਤੀ ਸੰਕਟ ਵਿੱਚੋਂ ਕੱਢਣ ਲਈ ਸਰਕਾਰ ਦੁਆਰਾ ਚੁੱਕੇ ਗਏ/ਚੁੱਕੇ ਜਾਣ ਵਾਲੇ ਕਦਮ ਕੀ ਹਨ?

### ਕੰਡੀ ਖੇਤਰ ਵਿਚ ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਦੇਣਾ

*195. **ਡਾਕਟਰ ਰਾਜ ਕੁਮਾਰ ਚੱਬੇਵਾਲ, ਐਮ.ਐਲ.ਏ.**:- ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਕੰਡੀ ਖੇਤਰ ਵਿਚ ਪੀਣ ਵਾਲੇ ਪਾਣੀ ਦੀਆਂ ਸਹੂਲਤਾਂ ਵਿਚ ਸੁਧਾਰ ਲਿਆਉਣ ਦੀ ਕੋਈ ਯੋਜਨਾ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਸਬੰਧ ਵਿਚ ਕੀ ਕਦਮ ਉਠਾਏ ਗਏ ਹਨ;

**ਅ)** ਕੀ ਸਰਕਾਰ ਪੰਜਾਬ ਦੇ ਗਰੀਬ ਲੋਕਾਂ ਦੇ ਪੀਣ ਵਾਲੇ ਪਾਣੀ ਦੇ ਬਿੱਲ ਮੁਆਫ ਕਰਕੇ ਰਾਹਤ ਦੇਣ ਤੇ ਵਿਚਾਰ ਕਰ ਰਹੀ ਹੈ?

### ਰਾਜ ਦੇ ਸਕੂਲਾਂ ਵਿੱਚ ਟਰੈਫਿਕ ਨਿਯਮਾਂ ਸਬੰਧੀ ਸਬਜੈਕਟ ਪੜ੍ਹਾਉਣਾ

*175. **ਸਰਦਾਰ ਗੁਰਕੀਰਤ ਸਿੰਘ, ਐਮ.ਐਲ.ਏ.**:- ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਬੱਚਿਆਂ ਨੂੰ ਟਰੈਫਿਕ ਨਿਯਮਾਂ ਸਬੰਧੀ ਜਾਣੂ ਕਰਵਾਉਣ ਲਈ ਸਰਕਾਰ ਰਾਜ ਦੇ ਸਕੂਲਾਂ ਵਿੱਚ ਟਰੈਫਿਕ ਨਿਯਮਾਂ ਸਬੰਧੀ ਸਬਜੈਕਟ ਪੜ੍ਹਾਉਣ ਦਾ ਵਿਚਾਰ ਰੱਖਦੀ ਹੈ; ਜੇਕਰ ਰੱਖਦੀ ਹੈ ਤਾਂ ਇਹ ਸਬਜੈਕਟ ਸਕੂਲਾਂ ਵਿਚ ਕਦੋਂ ਤੱਕ ਪੜ੍ਹਾਉਣਾ ਸ਼ੁਰੂ ਕਰ ਦਿੱਤਾ ਜਾਵੇਗਾ?

### ਬੰਗਾਂ ਤੋਂ ਸਾਹਲੋਂ ਸੜਕ ਦਾ ਨਿਰਮਾਣ

*352. **ਡਾਕਟਰ ਸੁਖਵਿੰਦਰ ਕੁਮਾਰ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਬੰਗਾ ਵਿੱਚ ਬੰਗਾ ਤੋਂ ਸਾਹਲੋਂ (ਕਰੀਬ 10 ਕਿ.ਮੀ) ਸੜਕ ਜ਼ੋ 40 ਫੀਸਦੀ ਬਣ ਚੁੱਕੀ ਹੈ, ਦਾ ਕੰਮ ਵਿੱਚ ਹੀ ਛੱਡ ਦਿੱਤਾ ਗਿਆ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਦੇ ਕੀ ਕਾਰਨ ਹਨ ਅਤੇ ਇਸ ਸੜਕ ਦਾ ਕੰਮ ਕਦੋਂ ਤੱਕ ਪੂਰਾ ਹੋ ਜਾਵੇਗਾ?

ਪਰਤੋਂ ਜੀ...

**ਹਸਤਪਾਲ/ਸਮੂਹਿਕ ਸਿਹਤ ਕੇਂਦਰਾਂ ਵਿਚ ਡਾਕਟਰਾਂ ਦੀਆਂ ਖਾਲੀ ਪਈਆਂ ਆਸਾਮੀਆਂ ਨੂੰ ਭਰਨਾ**

*324. **ਸਰਦਾਰ ਹਰਮਿੰਦਰ ਸਿੰਘ ਗਿੱਲ, ਐਮ.ਐਲ.ਏ.**:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੱਟੀ ਹਲਕੇ ਅੰਦਰ ਸਥਿਤ ਸਿਵਲ ਹਸਪਤਾਲ, ਸਮੂਹਿਕ ਸਿਹਤ ਕੇਂਦਰਾਂ ਕੈਰੋਂ, ਸਰਹਾਲੀ, ਨੌਸ਼ਹਿਰਾ ਪਨੂੰਆਂ ਅਤੇ ਹਰੀਕੇ ਵਿਖੇ ਡਾਕਟਰਾਂ ਦੀਆਂ ੮੦% ਆਸਾਮੀਆਂ ਖਾਲੀ ਹੋਣ ਕਰਕੇ ਅਤਿ ਗਰੀਬ ਮਰੀਜ਼ਾਂ ਦੀ ਭਾਰੀ ਖੱਜਲ ਖਰਾਬੀ ਹੋ ਰਹੀ ਹੈ; ਜੇਕਰ ਅਜਿਹਾ ਹੋਵੇ ਤਾਂ ਕੀ ਸਰਹੱਦੀ ਹਲਕਿਆਂ ਦੇ ਹਸਪਤਾਲਾਂ ਵਿੱਚ ਲੋੜਵੰਦ ਗਰੀਬ ਮਰੀਜ਼ਾਂ ਦੇ ਇਲਾਜ ਲਈ ਡਾਕਟਰਾਂ ਦੀ ਗਿਣਤੀ ਪੂਰੀ ਕਰਨ ਲਈ ਸਰਕਾਰ ਕੋਈ ਕਦਮ ਚੁੱਕ ਰਹੀ ਹੈ?

**ਫਤਿਹਗੜ੍ਹ ਸਾਹਿਬ ਸ਼ਹਿਰ ਨੂੰ ਟੂਰਿਸਟ ਸਰਕਿਟ ਵਜੋਂ ਡਿਵੈਲਪ ਕਰਨਾ**

*493. **ਸਰਦਾਰ ਕੁਲਜੀਤ ਸਿੰਘ ਨਾਗਰਾ, ਐਮ.ਐਲ.ਏ.**:- ਕੀ ਸੈਰ ਸਪਾਟਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਫ਼ਤਿਹਗੜ੍ਹ ਸਾਹਿਬ ਦੀ ਇਤਿਹਾਸਕ ਅਤੇ ਧਾਰਮਿਕ ਮਹੱਤਤਾ ਨੂੰ ਦੇਖਦੇ ਹੋਏ ਅਤੇ ਟੂਰਿਜ਼ਮ ਨੂੰ ਮੁੱਖ ਰੱਖਕੇ ਇਸਨੂੰ ਟੂਰਿਸਟ ਸਰਕਿਟ ਦੇ ਰੂਪ ਵਿੱਚ ਡਿਵੈਲਪ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਅਜਿਹਾ ਹੋਵੇ ਤਾਂ ਇਸ ਸਬੰਧੀ ਕੀ ਕਾਰਵਾਈ ਕੀਤੀ ਜਾ ਰਹੀ ਹੈ?

**ਸਰਪੰਚਾਂ ਦੁਆਰਾ ਪਾਣੀ ਦੇ ਬਿੱਲਾਂ ਦੀ ਅਦਾਇਗੀ ਨਾ ਕਰਨਾ**

*349. **ਮਿਸ ਰੁਪਿੰਦਰ ਕੌਰ ਰੂਬੀ, ਐਮ.ਐਲ.ਏ.**:- ਕੀ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਵਾਟਰ ਵਰਕਸ ਦੁਆਰਾ ਪਿੰਡਾਂ ਵਿੱਚ ਸਪਲਾਈ ਕੀਤੇ ਜਾਂਦੇ ਪਾਣੀ ਦੇ ਬਿੱਲਾਂ ਦੀ ਅਦਾਇਗੀ ਸਰਪੰਚਾਂ ਰਾਹੀਂ ਕੀਤੀ ਜਾਂਦੀ ਹੈ ਅਤੇ ਕੀ ਇਹ ਵੀ ਠੀਕ ਹੈ ਕਿ ਸਰਪੰਚ ਦੁਆਰਾ ਵਿਭਾਗ ਨੂੰ ਅਦਾਇਗੀ ਨਾ ਕਰਨ ਕਰਕੇ ਲੋਕਾਂ ਦੇ ਪਾਣੀ ਦੇ ਕੁਨੈਕਸ਼ਨ ਕੱਟ ਦਿੱਤੇ ਜਾਂਦੇ ਹਨ; ਜੇਕਰ ਅਜਿਹਾ ਹੋਵੇ ਤਾਂ ਕੀ ਸਰਕਾਰ ਖਪਤਕਾਰਾਂ ਦੁਆਰਾ ਪਾਣੀ ਦੇ ਬਿੱਲਾਂ ਦੀ ਅਦਾਇਗੀ ਵਿਭਾਗ ਨੂੰ ਸਿੱਧੀ ਕਰ ਸਕਣ ਲਈ ਆਗਿਆ ਦੇਣ ਤੇ ਵਿਚਾਰ ਕਰੇਗੀ?

**ਬੈਰਾਜ ਔਸਟੀਜ਼ ਤਹਿਤ ਪੈਂਡਿੰਗ ਨੌਕਰੀ ਦੇ ਕੇਸ**

*495. **ਸ਼੍ਰੀ ਦਿਨੇਸ਼ ਸਿੰਘ, ਐਮ.ਐਲ.ਏ.**:- ਕੀ ਸਿੰਜਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਬੈਰਾਜ ਔਸਟੀਜ਼ ਤਹਿਤ ਕਿੰਨੇ ਲੋਕਾਂ ਨੂੰ ਦਿੱਤੀ ਜਾਣ ਵਾਲੀ ਨੌਕਰੀ ਦੇ ਕੇਸ ਪੈਂਡਿੰਗ ਪਏ ਹਨ ਅਤੇ ਇਸਦੇ ਕੀ ਕਾਰਨ ਹਨ ਅਤੇ ਭਵਿੱਖ ਵਿੱਚ ਕਿੰਨੇ ਡੈਮ-ਔਸਟੀਜ਼ ਨੂੰ ਸਰਕਾਰ ਵੱਲੋਂ ਕਦੋਂ ਤੱਕ ਨਿਯੁਕਤੀ ਪੱਤਰ ਜਾਰੀ ਕਰ ਦਿੱਤੇ ਜਾਣਗੇ?

**ਐਨ.ਆਰ.ਐਚ.ਐਮ ਵਿੱਚ ਕੰਟਰੈਕਟ ਤੇ ਕੰਮ ਕਰ ਰਹੇ ਕਰਮਚਾਰੀਆਂ ਦੀ ਗਿਣਤੀ**

*478. **ਸਰਦਾਰ ਬਲਬੀਰ ਸਿੰਘ ਸਿੱਧੂ, ਐਮ.ਐਲ.ਏ.**:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਿਹਤ ਵਿਭਾਗ ਦੇ ਐਨ.ਆਰ.ਐਚ.ਐਮ ਵਿੱਚ ਕੰਟਰੈਕਟ ਤੇ ਪਰੋਕਿਓਰਮੈਂਟ ਵਿਚ ਕਿੰਨੇ ਕਰਮਚਾਰੀ ਕੰਮ ਕਰ ਰਹੇ ਹਨ ਤੇ ਇਨ੍ਹਾਂ ਨੂੰ ਕਿੰਨੀ ਤਨਖਾਹ ਦਿੱਤੀ ਜਾਂਦੀ ਹੈ ਅਤੇ ਕੀ ਇਨ੍ਹਾਂ ਨੂੰ ਮਾਸਿਕ ਤਨਖਾਹ ਤੋਂ ਇਲਾਵਾ ਕੋਈ ਹੋਰ ਵੀ ਭੱਤੇ ਦਿੱਤੇ ਜਾਂਦੇ ਹਨ?

**ਸੁਲਤਾਨਪੁਰ ਲੋਧੀ ਵਿਖੇ ਫਾਇਰ ਬਿਗ੍ਰੇਡ ਸਥਪਿਤ ਕਰਨਾ**

*281. **ਸਰਦਾਰ ਨਵਤੇਜ ਸਿੰਘ ਚੀਮਾ, ਐਮ.ਐਲ.ਏ.**:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

**ੳ)** ਕੀ ਸੁਲਤਾਨਪੁਰ ਲੋਧੀ ਅਤੇ ਇਸਦੇ ਨਾਲ ਲੱਗਦੇ ਇਲਾਕਿਆਂ ਵਿੱਚ ਕੋਈ ਅੱਗ ਬਝਾਊ ਸਿਸਟਮ ਨਹੀਂ ਹੈ;

**ਅ)** ਕੀ ਸਰਕਾਰ ਸੁਲਤਾਨਪੁਰ ਲੋਧੀ ਵਿਖੇ 24 ਘੰਟੇ ਉਪਲਬੱਧ ਰਹਿਣ ਵਾਲੇ ਅੱਗ ਬਝਾਊ ਸਿਸਟਮ (ਫਾਇਰ ਬ੍ਰਿਗੇਡ) ਸਥਾਪਿਤ ਕਰਨ ਦਾ ਵਿਚਾਰ ਰੱਖਦੀ ਹੈ,ਜੇਕਰ ਅਜਿਹਾ ਹੋਵੇ ਤਾਂ ਇਸ ਦੇ ਵੇਰਵੇ ਕੀ ਹਨ?

**ਬਲਾਕ ਗੁਰਦਾਸਪੁਰ ਦੇ ਪਿੰਡਾ ਵਿੱਚ 5-5 ਮਰਲੇ ਦੇ ਪਲਾਟਾਂ ਦੀ ਵੰਡ**

*387. **ਸਰਦਾਰ ਬਰਿੰਦਰਮੀਤ ਸਿੰਘ ਪਾਹੜਾ, ਐਮ.ਐਲ.ਏ.**:- ਕੀ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਬਲਾਕ ਗੁਰਦਾਸਪੁਰ ਦੇ ਵੱਖ-ਵੱਖ ਪਿੰਡਾਂ ਵਿੱਚ 5-5 ਮਰਲੇ ਦੇ ਪਲਾਟਾਂ ਦੀ ਵੰਡ ਕੀਤੀ ਗਈ; ਜੇਕਰ ਅਜਿਹਾ ਹੋਵੇ ਤਾਂ ਕੀ ਕੋਈ ਨਜਾਇਜ਼ ਲੋਕਾਂ ਨੂੰ ਵੀ ਇਹ ਪਲਾਟ ਦਿੱਤੇ ਗਏ, ਜਦੋਂ ਕਿ ਲੋੜਵੰਦ ਲੋਕ ਇਨ੍ਹਾਂ ਤੋਂ ਵਾਂਝੇ ਰਹਿ ਗਏ; ਜੇਕਰ ਹਾਂ ਤਾਂ ਕੀ ਸਰਕਾਰ ਇਸ ਮਾਮਲੇ ਦੀ ਪੜਤਾਲ ਕਰਾਉਣ ਤੇ ਕੋਈ ਵਿਚਾਰ ਕਰ ਰਹੀ ਹੈ?

**ਹੈਪੇਟਾਈਟੱਸ-ਬੀ ਅਤੇ ਸੀ ਦੀ ਰੋਕਥਾਮ**

*363. **ਸਰਦਾਰ ਕੁਲਦੀਪ ਸਿੰਘ ਵੈਦ, ਐਮ.ਐਲ.ਏ.**:- ਕੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ :-

**ੳ)** ਸਰਕਾਰ ਵਿਧਾਨ ਸਭਾ ਹਲਕਾ ਗਿੱਲ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਵਿੱਚ 60 ਤੋਂ 70 ਦੇ ਕਰੀਬ ਹੈਪੇਟਾਈਟੱਸ-ਸੀ ਦੇ ਮਰੀਜ਼ਾਂ ਦੇ ਇਲਾਜ ਅਤੇ ਸਹੂਲਤਾਂ ਲਈ ਕੀ ਉਪਰਾਲਾ ਕਰ ਰਹੀ ਹੈ;

**ਅ)** **ਕੀ** ਹੈਪੇਟਾਈਟੱਸ-ਬੀ ਅਤੇ ਹੈਪੇਟਾਈਟੱਸ-ਸੀ ਦੀ ਰੋਕਥਾਮ ਲਈ ਸਰਕਾਰ ਵੱਲੋਂ ਕੋਈ ਉਪਰਾਲੇ ਕੀਤੇ ਜਾ ਰਹੇ ਹਨ?

**ਪਾਰਟ ਟਾਈਮ ਸਵੀਪਰਾਂ ਨੂੰ ਰੈਗੂਲਰ ਕਰਨਾ**

*356. **ਸਰਦਾਰ ਪਿਰਮਲ ਸਿੰਘ ਧੌਲਾ, ਐਮ.ਐਲ.ਏ.**:- ਕੀ ਸਥਾਨਕ ਸਰਕਾਰ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਾਈ ਕੋਰਟ ਅਤੇ ਸੁਪਰੀਮ ਕੋਰਟ ਵਿੱਚੋਂ ਜਿੱਤ ਚੁੱਕੇ ਪਾਰਟ ਟਾਈਮ ਸਵੀਪਰਾਂ ਨੂੰ ਰੈਗੂਲਰ ਕਰਨ ਦੀ ਕੋਈ ਤਜਵੀਜ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਗੜ੍ਹਸ਼ੰਕਰ ਵਿਖੇ ਬਾਈਪਾਸ ਦੀ ਉਸਾਰੀ**

*71. **ਸ਼੍ਰੀ ਜੈ ਕ੍ਰਿਸ਼ਨ, ਐਮ.ਐਲ.ਏ.**:- ਕੀ ਲੋਕ ਨਿਰਮਾਣ (ਭ ਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਗੜ੍ਹਸ਼ੰਕਰ ਦੀ ਟ੍ਰੈਫਿਕ ਸਮੱਸਿਆ ਨੂੰ ਦੂਰ ਕਰਨ ਲਈ ਜਨਵਰੀ 2007 ਵਿਚ ਬਾਈਪਾਸ ਦਾ ਨੀਂਹ ਪੱਥਰ ਰੱਖਿਆ ਸੀ, ਜੇਕਰ ਉਤਰ ਹਾਂ ਵਿੱਚ ਹੋਵੇ ਤਾਂ ਇਸ ਬਾਈਪਾਸ ਨੂੰ ਕਦੋਂ ਤੱਕ ਪੂਰਾ ਕੀਤੇ ਜਾਣ ਦੀ ਸੰਭਾਵਨਾ ਹੈ?

ਚੰਡੀਗੜ੍ਹ
ਮਿਤੀ 20 ਜੂਨ, 2017

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ,
ਪੰਜਾਬ ਵਿਧਾਨ ਸਭਾ।